**ਸਲੋਕੁ ਮਃ ੧ ॥ ਹੁਕਮਿ ਰਜਾਈ ਸਾਖਤੀ ਦਰਗਹ ਸਚੁ ਕਬੂਲੁ ॥ ਸਾਹਿਬੁ ਲੇਖਾ ਮੰਗਸੀ ਦੁਨੀਆ ਦੇਖਿ ਨ ਭੂਲੁ ॥ ਦਿਲ ਦਰਵਾਨੀ ਜੋ ਕਰੇ ਦਰਵੇਸੀ ਦਿਲੁ ਰਾਸਿ ॥ ਇਸਕ ਮੁਹਬਤਿ ਨਾਨਕਾ ਲੇਖਾ ਕਰਤੇ ਪਾਸਿ ॥੧॥ {ਪੰਨਾ 1090}**

ਪਦਅਰਥ:- ਸਾਖਤੀ—ਬਨਾਵਟ, ਪ੍ਰਭੂ ਨਾਲ ਜੋੜ। ਦਰਵਾਨੀ—ਰਾਖੀ। ਦਿਲੁ ਰਾਸਿ—ਦਿਲ ਨੂੰ ਸਿੱਧੇ ਰਾਹ ਤੇ ਰੱਖਣਾ। ਰਜਾਈ—ਰਜ਼ਾ ਦਾ ਮਾਲਕ ਪਰਮਾਤਮਾ।

ਅਰਥ:- ਪਰਮਾਤਮਾ ਦੇ ਹੁਕਮ ਵਿਚ ਤੁਰਿਆਂ ਪਰਮਾਤਮਾ ਨਾਲ ਬਣ ਆਉਂਦੀ ਹੈ, ਪ੍ਰਭੂ ਦੀ ਹਜ਼ੂਰੀ ਵਿਚ ਸੱਚ (ਭਾਵ, ਸਿਮਰਨ) ਪ੍ਰਵਾਨ ਹੈ। ਹੇ ਭਾਈ! ਦੁਨੀਆ ਨੂੰ ਵੇਖ ਕੇ (ਸਿਮਰਨ ਨੂੰ ਭੁੱਲਣ ਦੀ) ਗ਼ਲਤੀ ਨਾਹ ਖਾਹ, ਮਾਲਕ (ਤੇਰੇ ਅਮਲਾਂ ਦਾ) ਲੇਖਾ ਮੰਗੇਗਾ।

ਜੋ ਮਨੁੱਖ ਦਿਲ ਦੀ ਰਾਖੀ ਕਰਦਾ ਹੈ, ਦਿਲ ਨੂੰ ਸਿੱਧੇ ਰਾਹ ਤੇ ਰੱਖਣ ਦੀ ਫ਼ਕੀਰੀ ਕਮਾਂਦਾ ਹੈ, ਹੇ ਨਾਨਕ! ਉਸ ਦੇ ਪਿਆਰ ਮੁਹੱਬਤ ਦਾ ਹਿਸਾਬ ਕਰਤਾਰ ਦੇ ਪਾਸ ਹੈ (ਭਾਵ, ਪ੍ਰਭੂ ਉਸ ਦੇ ਪਿਆਰ ਨੂੰ ਜਾਣਦਾ ਹੈ)।1।